# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :10-11-2025**

**<u>ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ</u>**

- ਕੇਂਦਰੀ ਗ੍ਰਹਿ ਅਤੇ ਸਹਿਕਾਰਤਾ ਮੰਤਰੀ ਅਮਿਤ ਸ਼ਾਹ ਨੇ ਕਿਹਾ -ਸ਼ਹਿਰੀ ਸਹਿਕਾਰੀ ਬੈਂਕਾਂ ਨੂੰ ਨੌਜਵਾਨਾਂ ਅਤੇ ਸਮਾਜ ਦੇ ਪਛੜੇ ਵਰਗਾਂ ਨੂੰ ਸਮਰੱਥ ਬਣਾਉਣ ਲਈ ਅੱਗੇ ਆਉਣਾ ਚਾਹੀਦਾ ਏ।
- ਤਰਨਤਾਰਨ ਵਿਧਾਨ ਸਭਾ ਹਲਕੇ ਦੀ ਜ਼ਿਮਨੀ ਚੋਣ ਲਈ ਭਲਕੇ ਹੋਣ ਵਾਲੀ ਵੋਟਿੰਗ ਵਾਸਤੇ ਸਾਰੇ ਪ੍ਰਬੰਧ ਮੁਕੰਮਲ ।
- ਪੰਜਾਬ ਸਰਕਾਰ ਨੇ ਬਿਜਲੀ ਕੁਨੈਕਸ਼ਨਾਂ ਸਬੰਧੀ ਪ੍ਰਕਿਰਿਆ ਨੂੰ ਬਣਾਇਆ ਸਰਲ-50 ਕਿਲੋਵਾਟ ਤੱਕ ਦੇ ਲੋਡ ਵਾਲੇ ਖਪਤਕਾਰਾਂ ਲਈ ਸਵੈ-ਪ੍ਰਮਾਣੀਕਰਨ ਦੀ ਕੀਤੀ ਸ਼ੁਰੂਆਤ ।
- ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਵੱਖ-ਵੱਖ ਸਮਾਗਮਾਂ ਦੇ ਹਿੱਸੇ ਵਜੋਂ ਕੱਲ

ਅੰਮ੍ਰਿਤਸਰ, ਫਿਰੋਜ਼ਪੁਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਅਤੇ ਸੰਗਰੂਰ ਵਿਖੇ ਲਾਈਟ ਐਂਡ ਸਾਊਂਡ ਸ਼ੋਅ ਕਰਵਾਏ ਜਾਣਗੇ।

- ਜਲੰਧਰ ’ਚ ਜੂਨੀਅਰ ਤੇ ਸੀਨੀਅਰ ਪੰਜਾਬ ਬੈਡਮਿੰਟਨ ਚੈਂਪੀਅਨਸ਼ਿਪ ਦੀ ਸ਼ੁਰੂਆਤ।

## <u>ਹੁਣ ਖਬਰਾਂ ਵਿਸਥਾਰ ਨਾਲ</u>

ਕੇਂਦਰੀ ਗ੍ਰਹਿ ਅਤੇ ਸਹਿਕਾਰਤਾ ਮੰਤਰੀ ਅਮਿਤ ਸ਼ਾਹ ਨੇ ਕਿਹਾ ਏ ਕਿ ਸ਼ਹਿਰੀ ਸਹਿਕਾਰੀ ਬੈਂਕਾਂ ਨੂੰ ਨੌਜਵਾਨਾਂ ਅਤੇ ਸਮਾਜ ਦੇ ਪਛੜੇ ਵਰਗਾਂ ਨੂੰ ਸਮਰੱਥ ਬਣਾਉਣ ਲਈ ਅੱਗੇ ਆਉਣਾ ਚਾਹੀਦਾ ਏ। ਗ੍ਰਹਿ ਮੰਤਰੀ ਨੇ ਇਹ ਗੱਲ ਅੱਜ ਨਵੀਂ ਦਿੱਲੀ ਵਿੱਚ ਸ਼ਹਿਰੀ ਸਹਿਕਾਰੀ ਕ੍ਰੈਡਿਟ ਸੈਕਟਰ ਬਾਰੇ ਇੱਕ ਅੰਤਰਰਾਸ਼ਟਰੀ ਸੰਮੇਲਨ - Co-op Kumbh 2025 ਦਾ ਉਦਘਾਟਨ ਕਰਦੇ ਹੋਏ ਕਹੀ। ਉਨ੍ਹਾਂ ਕਿਹਾ ਕਿ ਰਾਸ਼ਟਰੀ ਸ਼ਹਿਰੀ ਸਹਿਕਾਰੀ ਬੈਂਕਾਂ ਅਤੇ ਕ੍ਰੈਡਿਟ ਸੋਸਾਇਟੀਜ਼ ਲਿਮਿਟਿਡ ਅਤੇ ਸ਼ਹਿਰੀ ਸੰਗਠਨਾਂ ਨੂੰ ਨੈਤਿਕ ਦਿਸ਼ਾ-ਨਿਰਦੇਸ਼ ਜਾਰੀ ਕਰਨੇ ਚਾਹੀਦੇ ਨੇ, ਜਿਸ ਦੇ ਆਧਾਰ 'ਤੇ ਹਰੇਕ ਸ਼ਹਿਰੀ ਸਹਿਕਾਰੀ ਬੈਂਕ ਨੂੰ ਆਪਣੇ ਵਿੱਤੀ ਢਾਂਚੇ ਨੂੰ

ਮੁੜ ਡਿਜ਼ਾਈਨ ਕਰਨਾ ਹੋਵੇਗਾ। ਅਮਿਤ ਸ਼ਾਹ ਨੇ ਕਿਹਾ ਕਿ ਇਸਦਾ ਉਦੇਸ਼ ਸਹਿਕਾਰੀ ਸਭਾਵਾਂ ਨੂੰ ਮਜ਼ਬੂਤ ਕਰਨਾ ਏ ਅਤੇ ਨਾਲ ਹੀ ਸਮਾਜ ਦੇ ਕਮਜ਼ੋਰ ਵਰਗਾਂ ਨੂੰ ਉੱਚਾ ਚੁੱਕਣਾ ਏ। ਅਮਿਤ ਸ਼ਾਹ ਨੇ ਕਿਹਾ ਕਿ ਪੰਜ ਸਾਲਾਂ ਦੇ ਅੰਦਰ ਦੋ ਲੱਖ ਤੋਂ ਵੱਧ ਆਬਾਦੀ ਵਾਲੇ ਹਰੇਕ ਕਸਬੇ ਵਿੱਚ, ਇੱਕ ਸ਼ਹਿਰੀ ਸਹਿਕਾਰੀ ਬੈਂਕ ਸਥਾਪਤ ਕਰਨ ਦਾ ਟੀਚਾ ਹੋਣਾ ਚਾਹੀਦਾ ਏ। ਉਨ੍ਹਾਂ ਕਿਹਾ ਕਿ ਤ੍ਰਿਭੁਵਨ ਸਹਿਕਾਰੀ ਯੂਨੀਵਰਸਿਟੀ ਦੀ ਸਥਾਪਨਾ ਨੌਜਵਾਨ ਪੀੜ੍ਹੀ ਨੂੰ ਸਹਿਕਾਰੀ ਸਭਾਵਾਂ ਨਾਲ ਜੋੜਨ ਅਤੇ ਸਹਿਕਾਰੀ ਖੇਤਰ ਲਈ ਪੇਸ਼ੇਵਰ ਤਿਆਰ ਕਰਨ ਦੇ ਉਦੇਸ਼ ਨਾਲ ਕੀਤੀ ਗਈ ਏ।

---------------------------------------------------------

ਤਰਨ ਤਾਰਨ ਵਿਧਾਨ ਸਭਾ ਹਲਕੇ ਦੀ ਕੱਲ ਹੋਣ ਵਾਲੀ ਜ਼ਿਮਨੀ ਚੋਣ ਲਈ ਸਾਰੇ ਪ੍ਰਬੰਧ ਮੁਕੰਮਲ ਹੋ ਗਏ ਨੇ । ਰਿਟਰਨਿੰਗ ਅਫ਼ਸਰ ਗੁਰਮੀਤ ਸਿੰਘ ਦੀ ਅਗਵਾਈ ਹੇਠ ਸਾਰੀਆਂ ਪੋਲਿੰਗ ਪਾਰਟੀਆਂ ਨੂੰ ਚੋਣ ਸਮੱਗਰੀ ਸਮੇਤ ਇੰਟਰਨੈਸ਼ਨਲ ਕਾਲਜ ਆਫ਼ ਨਰਸਿੰਗ, ਪਿੱਦੀ ਤੋਂ ਰਵਾਨਾ ਕੀਤਾ ਗਿਆ ਜੋ ਅੱਜ ਸ਼ਾਮ ਤੱਕ ਵਿਧਾਨ ਸਭਾ ਹਲਕੇ ਦੇ ਸਾਰੇ ਪੋਲਿੰਗ ਬੂਥਾਂ ਉੱਪਰ ਪਹੁੰਚ ਗਈਆਂ ਨੇ । ਜ਼ਿਲ੍ਹਾ ਚੋਣ ਅਧਿਕਾਰੀ ਰਾਹੁਲ ਨੇ ਦੱਸਿਆ

ਕਿ ਵੋਟਾਂ ਕੱਲ ਸਵੇਰੇ 7 ਵਜੇ ਤੋਂ ਸ਼ਾਮ 6 ਵਜੇ ਤੱਕ ਪੈਣਗੀਆਂ। ਉਨ੍ਹਾਂ ਦੱਸਿਆ ਕਿ ਵਿਧਾਨ ਸਭਾ ਹਲਕੇ ਵਿਚ ਵੋਟਰਾਂ ਦੀ ਕੁੱਲ ਗਿਣਤੀ 1 ਲਖ 92 ਹਜ਼ਾਰ 838 ਏ । ਇਸ ਵਿੱਚ 1 ਲਖ 933 ਮਰਦ ਵੋਟਰ, 91 ਹਜ਼ਾਰ 897 ਮਹਿਲਾ ਵੋਟਰ ਅਤੇ 8 ਟ੍ਰਾਂਸਜੈਂਡਰ ਵੋਟਰ ਸ਼ਾਮਲ ਨੇ । ਇਸ ਤੋਂ ਇਲਾਵਾ ਕੁੱਲ ਸਰਵਿਸ ਵੋਟਰ 1 ਹਜ਼ਾਰ 357, ਜਦਕਿ ਦਿਵਿਆਂਗ ਵੋਟਰਾਂ ਦੀ ਕੁੱਲ ਗਿਣਤੀ 1,488 ਅਤੇ 18 ਤੋਂ 19 ਸਾਲ ਦੀ ਉਮਰ ਵਾਲੇ ਵੋਟਰਾਂ ਦੀ ਕੁੱਲ ਗਿਣਤੀ 3,333 ਏ । ਜ਼ਿਲ੍ਹਾ ਚੋਣ ਅਧਿਕਾਰੀ ਨੇ ਦੱਸਿਆ ਕਿ 222 ਪੋਲਿੰਗ ਬੂਥ ਬਣਾਏ ਗਏ ਨੇ ਜਿਨ੍ਹਾਂ ਵਿੱਚ 4 ਮਾਡਲ ਪੋਲਿੰਗ ਬੂਥ ਬਣਾਏ ਗਏ ਹਨ। ਇਸ ਤੋਂ ਇਲਾਵਾ 3 ਪਿੰਕ ਵੂਮੈਨ ਬੂਥ ਬਣਾਏ ਗਏ ਹਨ ਜਿੱਥੇ ਸਾਰਾ ਸਟਾਫ਼ ਮਹਿਲਾਵਾਂ ਲਗਾਈਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ 1 ਪੀ.ਡਬਲਿਊ.ਡੀ. ਪੋਲਿੰਗ ਬੂਥ ਵੀ ਬਣਾਇਆ ਗਿਆ ਹੈ। ਜ਼ਿਲ੍ਹਾ ਚੋਣ ਅਧਿਕਾਰੀ ਨੇ ਅੱਗੇ ਦੱਸਿਆ ਕਿ ਸਾਰੇ 222 ਪੋਲਿੰਗ ਸਟੇਸ਼ਨਾਂ 'ਤੇ ਲਾਜ਼ਮੀ ਮੁੱਢਲੀਆਂ ਸਹੂਲਤਾਂ ਮੁਹੱਈਆ ਕਰਵਾ ਦਿੱਤੀਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਪੀ.ਡਬਲਿਊ.ਡੀ. ਅਤੇ ਸੀਨੀਅਰ ਸਿਟੀਜ਼ਨ ਵੋਟਰਾਂ ਦੀ ਸਹਾਇਤਾ

ਲਈ ਹਰ ਪੋਲਿੰਗ ਬੂਥ ਉੱਪਰ ਵਲੰਟੀਅਰ ਵੀ ਤਾਇਨਾਤ ਕੀਤੇ ਗਏ ਹਨ। ਜ਼ਿਲ੍ਹਾ ਚੋਣ ਅਧਿਕਾਰੀ  ਨੇ ਕਿਹਾ ਕਿ ਸੁਰੱਖਿਆ ਦੇ ਪੁਖ਼ਤਾ ਪ੍ਰਬੰਧ ਕੀਤੇ ਗਏ ਨੇ । ਕੇਂਦਰੀ ਹਥਿਆਰਬੰਦ ਪੁਲਿਸ ਬਲਾਂ ਦੀਆਂ 12 ਕੰਪਨੀਆਂ ਤਾਇਨਾਤ ਕੀਤੀਆਂ ਗਈਆਂ ਨੇ । ਇਸ ਤੋਂ ਇਲਾਵਾ ਸਾਰੇ ਪੋਲਿੰਗ ਸਟੇਸ਼ਨਾਂ ਉੱਤੇ ਸੀ.ਸੀ.ਟੀ.ਵੀ ਕੈਮਰੇ ਅਤੇ ਵੈਬਕਾਸਟਿੰਗ ਦੀ ਵਿਵਸਥਾ ਹੋਵੇਗੀ ।    ਜ਼ਿਲ੍ਹਾ ਚੋਣ ਅਧਿਕਾਰੀ ਨੇ ਦੱਸਿਆ ਕਿ ਪਿੱਦੀ ਇੰਟਰਨੈਸ਼ਨਲ ਕਾਲਜ ਆਫ਼ ਨਰਸਿੰਗ ਵਿਖੇ ਈ.ਵੀ.ਐੱਮ. ਦਾ ਸਟਰਾਂਗ ਰੂਮ ਬਣਾਇਆ ਗਿਆ ਏ ਅਤੇ ਇਥੇ ਹੀ 14 ਨਵੰਬਰ ਨੂੰ ਵੋਟਾਂ ਦੀ ਗਿਣਤੀ ਹੋਵੇਗੀ । ਉਨ੍ਹਾਂ ਤਰਨ ਤਾਰਨ ਦੇ ਸਮੂਹ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਕੱਲ ਹੋਣ ਵਾਲੀ ਵੋਟਿੰਗ ਦੌਰਾਨ ਨਿਡਰਤਾ ਨਾਲ ਅੱਗੇ ਆ ਕੇ ਆਪਣੀ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ।

---------------------------------------------------

ਕੱਲ ਜ਼ਿਮਨੀ ਚੋਣ ਨੂੰ ਧਿਆਨ ਵਿੱਚ ਰੱਖਦੇ ਹੋਏ, ਤਰਨਤਾਰਨ ਹਲਕੇ ਵਿੱਚ ਸਥਿਤ ਸਾਰੇ ਸਰਕਾਰੀ ਦਫ਼ਤਰਾਂ, ਬੋਰਡਾਂ, ਕਾਰਪੋਰੇਸ਼ਨਾਂ ਅਤੇ ਵਿਦਿਅਕ ਸੰਸਥਾਵਾਂ ਲਈ ਨੈਗੋਸ਼ੀਏਬਲ ਇੰਸਟਰੂਮੈਂਟਸ ਐਕਟ, 1881

ਦੇ ਤਹਿਤ ਸਥਾਨਕ ਛੁੱਟੀ ਦਾ ਐਲਾਨ ਕੀਤਾ ਗਿਆ ਏ। ਪੰਜਾਬ ਸਰਕਾਰ ਵੱਲੋਂ ਜਾਰੀ ਨੋਟੀਫਿਕੇਸ਼ਨ ਅਨੁਸਾਰ, ਜੇਕਰ ਕੋਈ ਸਰਕਾਰੀ ਅਧਿਕਾਰੀ, ਕਰਮਚਾਰੀ ਤਰਨਤਾਰਨ ਹਲਕੇ ਦਾ ਵੋਟਰ ਏ ਅਤੇ ਪੰਜਾਬ ਦੇ ਸਰਕਾਰੀ ਦਫ਼ਤਰਾਂ, ਬੋਰਡਾਂ, ਕਾਰਪੋਰੇਸ਼ਨਾਂ ਜਾਂ ਸਰਕਾਰੀ ਵਿਦਿਅਕ ਸੰਸਥਾਵਾਂ ਵਿੱਚ ਕੰਮ ਕਰਦਾ ਏ , ਤਾਂ ਉਹ ਸਬੰਧਤ ਅਥਾਰਟੀ ਨੂੰ ਆਪਣਾ ਵੋਟਰ ਆਈਡੀ ਕਾਰਡ ਪੇਸ਼ ਕਰਕੇ ਵੋਟ ਪਾਉਣ ਲਈ ਵਿਸ਼ੇਸ਼ ਛੁੱਟੀ ਲੈ ਸਕਦਾ ਏ। ਇਹ ਛੁੱਟੀ ਉਨ੍ਹਾਂ ਦੇ ਛੁੱਟੀ ਖਾਤੇ ਵਿੱਚੋਂ ਨਹੀਂ ਕੱਟੀ ਜਾਵੇਗੀ। ਇਸਨੂੰ ਲੋਕ ਪ੍ਰਤੀਨਿਧਤਾ ਐਕਟ, 1951 ਦੀ ਧਾਰਾ 135-ਬੀ (1) ਦੇ ਤਹਿਤ ਤਨਖਾਹ ਵਾਲੀ ਛੁੱਟੀ ਵਜੋਂ ਵੀ ਐਲਾਨਿਆ ਗਿਆ ਏ।

-----------------------------------------------------------

"ਕਾਰੋਬਾਰ ਕਰਨ ਵਿੱਚ ਸੌਖ" ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਵੱਡੇ ਖਪਤਕਾਰ-ਪੱਖੀ ਸੁਧਾਰ ਵੱਲ ਕਦਮ ਵਧਾਉਂਦਿਆਂ, ਪੰਜਾਬ ਸਰਕਾਰ ਵੱਲੋਂ ਨਵੇਂ ਬਿਜਲੀ ਕੁਨੈਕਸ਼ਨ ਪ੍ਰਾਪਤ ਕਰਨ ਅਤੇ ਲੋਡ ਸਮਰੱਥਾ ਵਿੱਚ ਤਬਦੀਲੀਆਂ ਸਬੰਧੀ ਪ੍ਰਕਿਰਿਆਵਾਂ ਨੂੰ ਸਰਲ ਬਣਾਇਆ

ਗਿਆ ਏ। ਇਸ ਬਾਰੇ ਜਾਣਕਾਰੀ ਦਿੰਦਿਆਂ ਸੂਬੇ ਦੇ ਬਿਜਲੀ ਮੰਤਰੀ ਸੰਜੀਵ ਅਰੋੜਾ ਨੇ ਦਸਿਆ ਕਿ ਨਵੀਂ ਪ੍ਰਣਾਲੀ ਦੇ ਤਹਿਤ, ਲੋਅ ਟੈਂਸ਼ਨ ਸ਼੍ਰੇਣੀ ਦੇ ਤਹਿਤ 50 ਕਿਲੋਵਾਟ ਤੱਕ ਦੇ ਲੋਡ ਵਿੱਚ ਨਵੇਂ ਕੁਨੈਕਸ਼ਨ ਜਾਂ ਤਬਦੀਲੀਆਂ ਦੀ ਮੰਗ ਕਰਨ ਵਾਲੇ ਬਿਨੈਕਾਰਾਂ ਜਾਂ ਖਪਤਕਾਰਾਂ ਨੂੰ ਕਿਸੇ ਲਾਇਸੰਸਸ਼ੁਦਾ ਇਲੈਕਟ੍ਰੀਕਲ ਠੇਕੇਦਾਰ ਤੋਂ ਕੋਈ ਟੈਸਟ ਰਿਪੋਰਟ ਜਾਂ ਇਮਾਰਤ ਵਿੱਚ ਬਿਜਲੀ ਸਬੰਧੀ ਵਿਵਸਥਾ ਲਈ ਕੋਈ ਸਵੈ-ਪ੍ਰਮਾਣੀਕਰਨ ਜਾ ਦਸਤਖਤ ਕੀਤੇ ਦਸਤਾਵੇਜ਼ ਜਮ੍ਹਾ ਕਰਨ ਦੀ ਲੋੜ ਨਹੀਂ ਹੋਵੇਗੀ। ਇਸ ਦੀ ਬਜਾਏ, ਆਨਲਾਈਨ ਅਰਜ਼ੀ ਫਾਰਮ ਵਿੱਚ ਇੱਕ ਐਲਾਨ ਹੋਵੇਗਾ। ਇਸ ਵਿੱਚ ਬਿਨੈਕਾਰ ਐਲਾਨ ਕਰੇਗਾ "ਕਿ ਇਮਾਰਤ ਵਿੱਚ ਅੰਦਰੂਨੀ ਤਾਰਾਂ ਇੱਕ ਲਾਇਸੰਸਸ਼ੁਦਾ ਇਲੈਕਟ੍ਰੀਕਲ ਠੇਕੇਦਾਰ/ਸਰਕਾਰ ਦੇ ਨਾਮਜ਼ਦ ਅਧਿਕਾਰੀ ਵੱਲੋਂ ਲਗਾਈਆਂ ਗਈਆਂ ਨੇ ਅਤੇ ਟੈਸਟ ਕੀਤਾ ਗਿਆ ਏ ਅਤੇ ਟੈਸਟ ਸਰਟੀਫਿਕੇਟ ਬਿਨੈਕਾਰ ਕੋਲ ਉਪਲਬਧ ਏ।

-----------------------------------------------------

ਪੰਜਾਬ ਸਰਕਾਰ ਵੱਲੋਂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ

350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਵੱਖ-ਵੱਖ ਸਮਾਗਮਾਂ ਦੇ ਹਿੱਸੇ ਵਜੋਂ ਅਗਲੇ ਗੇੜ ਦੇ ਲਾਈਟ ਐਂਡ ਸਾਊਂਡ ਸ਼ੋਅ ਕੱਲ 11 ਨਵੰਬਰ ਨੂੰ ਅੰਮ੍ਰਿਤਸਰ, ਫਿਰੋਜ਼ਪੁਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਅਤੇ ਸੰਗਰੂਰ ਵਿਖੇ ਕਰਵਾਏ ਜਾਣਗੇ। ਪੰਜਾਬ ਦੇ ਸੈਰ ਸਪਾਟਾ ਅਤੇ ਸੱਭਿਆਚਾਰਕ ਮਾਮਲਿਆਂ ਬਾਰੇ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਦੱਸਿਆ ਏ ਕਿ ਇਸ ਤੋਂ ਬਾਅਦ 14, 17 ਅਤੇ 20 ਨਵੰਬਰ ਨੂੰ ਵੀ ਸੂਬੇ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਲਾਈਟ ਐਂਡ ਸਾਊਂਡ ਸ਼ੋਅ ਹੋਣਗੇ। ਉਨ੍ਹਾਂ ਦੱਸਿਆ ਕਿ 11 ਨਵੰਬਰ ਨੂੰ ਅੰਮ੍ਰਿਤਸਰ ਦੇ ਮੇਲਾ ਗਰਾਊਂਡ ਰਣਜੀਤ ਐਵੇਨਿਉ ਵਿਖੇ ਲਾਈਟ ਐਂਡ ਸਾਊਂਡ ਸ਼ੋਅ ਕਰਵਾਇਆ ਜਾਵੇਗਾ, ਜਿਸ ਵਿੱਚ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਓ. ਸ਼ਾਮਿਲ ਹੋਣਗੇ । ਇਸ ਤੋਂ ਇਲਾਵਾ ਫ਼ਿਰੋਜ਼ਪੁਰ ਦੇ ਕੈਨਟੋਨਮੈਂਟ ਸਟੇਡੀਅਮ ਵਿਖੇ ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਸ਼ਮੂਲੀਅਤ ਕਰਨਗੇ । ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੇ ਸਰਸ ਮੇਲਾ ਗਰਾਊਂਡ ਵਿਖੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਅਤੇ ਸੰਸਦ ਮੈਂਬਰ ਮਾਲਵਿੰਦਰ ਸਿੰਘ ਕੰਗ ਹਾਜ਼ਰੀ ਭਰਨਗੇ।

ਸੰਗਰੂਰ ਦੇ ਰਣਬੀਰ ਕਾਲਜ ਵਿਖੇ ਖਜ਼ਾਨਾ ਮੰਤਰੀ ਡਵੋਕੇਟ ਹਰਪਾਲ ਸਿੰਘ ਚੀਮਾ, ਕੈਬਨਿਟ ਮੰਤਰੀ ਅਮਨ ਅਰੋੜਾ, ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਅਤੇ ਸੰਸਦ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ ਸ਼ਾਮਿਲ ਹੋਣਗੇ।

-------------------------------------------------------------

ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਅੱਜ ਜ਼ਿਲਾ ਪਠਾਨਕੋਟ ਦੇ ਕੋਹਲੀਆਂ ਤੋਂ ਤਾਸ ਤੱਕ ਕਰੀਬ 11 ਕਿਲੋਮੀਟਰ ਦੇ ਸੜਕ ਨਿਰਮਾਣ ਕਾਰਜ ਦੀ ਸ਼ੁਰੂਆਤ ਕੀਤੀ । ਇਸ ਮੌਕੇ ਉਨ੍ਹਾਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ।

BYTE

ਮੰਤਰੀ ਨੇ ਕਿਹਾ ਕਿ  ਇਸ ਸੜਕ ਦੇ ਨਿਰਮਾਣ ਨਾਲ ਕਿਸਾਨਾਂ ਨੂੰ ਵੀ ਵੱਡਾ ਫਾਇਦਾ ਹੋਵੇਗਾ। ਉਨ੍ਹਾਂ ਕਿਹਾ ਕਿ ਵਿਧਾਨ ਸਭਾ ਹਲਕਾ ਭੋਆ ਅੰਦਰ ਜਿਹੜੇ ਵੀ ਸੜਕ ਨਿਰਮਾਣ ਕਾਰਜ ਕੀਤੇ ਜਾ ਰਹੇ ਨੇ  ਉਨ੍ਹਾਂ ਨੇ ਹਰ ਕੰਮ ਦਾ ਜ਼ਾਇਜਾ ਲਿਆ ਏ । ਉਨ੍ਹਾਂ  ਠੇਕੇਦਾਰ ਨੂੰ ਵੀ ਹਦਾਇਤ ਕਰਦਿਆਂ ਕਿਹਾ ਕਿ ਸੜਕ ਦੇ ਨਿਰਮਾਣ ਵਿੱਚ ਕਿਸੇ ਵੀ ਕਿਸਮ ਦੀ

ਢਿੱਲ ਨਾ ਵਰਤੀ ਜਾਵੇ  ਅਤੇ ਰੋਡ ਨਿਰਮਾਣ ਅਧੀਨ ਗੁਣਵੱਤਾ  ਦਾ ਵਿਸ਼ੇਸ਼ ਧਿਆਨ ਰੱਖਿਆ ਜਾਵੇ ।

-----------------------------------------------------------

ਪੰਜਾਬ ਰਾਜ ਅਨੁਸੂਚਿਤ ਜਾਤੀ ਕਮਿਸ਼ਨ ਦੇ ਚੇਅਰਮੈਨ  ਜਸਵੀਰ ਸਿੰਘ ਗੜ੍ਹੀ ਨੇ ਅੱਜ ਰਾਜ ਭਵਨ ਵਿਖੇ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨਾਲ ਮੁਲਾਕਾਤ ਕੀਤੀ।   ਮੀਟਿੰਗ ਦੌਰਾਨ ਚੇਅਰਮੈਨ ਨੇ ਰਾਜਪਾਲ ਨਾਲ ਅਨੁਸੂਚਿਤ ਜਾਤੀਆਂ ਦੀ ਭਲਾਈ, ਸਸ਼ਕਤੀਕਰਨ ਅਤੇ ਸਮਾਜਿਕ-ਆਰਥਿਕ ਵਿਕਾਸ ਨਾਲ ਸਬੰਧਤ ਮਾਮਲਿਆਂ 'ਤੇ ਵਿਸਥਾਰਤ ਵਿਚਾਰ-ਵਟਾਂਦਰਾ ਕੀਤਾ। ਚੇਅਰਮੈਨ ਨੇ ਦਰਪੇਸ਼ ਚੁਣੌਤੀਆਂ ਬਾਰੇ ਡੂੰਘਾਈ ਨਾਲ ਚਰਚਾ ਕਰਦਿਆਂ ਅਨੁਸੂਚਿਤ ਜਾਤੀਆਂ ਦੇ ਨੌਜਵਾਨਾਂ ਲਈ ਵੱਖ-ਵੱਖ ਭਲਾਈ ਸਕੀਮਾਂ, ਵਿਦਿਅਕ ਪਹਿਲਕਦਮੀਆਂ ਅਤੇ ਰੋਜ਼ਗਾਰ ਦੇ ਮੌਕਿਆਂ ਨੂੰ ਵਧੇਰੇ ਪ੍ਰਭਾਵੀ ਢੰਗ ਨਾਲ ਲਾਗੂ ਕਰਨ ਨੂੰ ਯਕੀਨੀ ਬਣਾਉਣ ਲਈ ਰਾਜਪਾਲ ਦਫ਼ਤਰ ਵੱਲੋਂ ਹੋਰ ਬਿਹਤਰ ਤਾਲਮੇਲ ਦੀ ਮੰਗ ਕੀਤੀ। ਰਾਜਪਾਲ  ਨੇ ਕਮਿਸ਼ਨ ਦੇ ਉਪਰਾਲਿਆਂ ਦੀ ਸ਼ਲਾਘਾ ਕਰਦਿਆਂ ਸਮਾਜਿਕ ਨਿਆਂ ਅਤੇ ਸਮਾਨਤਾ

ਲਈ ਰਾਜ ਭਵਨ ਅਤੇ ਕਮਿਸ਼ਨ ਦਫ਼ਤਰ ਦੇ ਆਪਸੀ ਤਾਲਮੇਲ ਨੂੰ ਮਜ਼ਬੂਤ ਕਰਨ ਦਾ ਖੁੱਲ੍ਹਦਿਲੀ ਨਾਲ ਸੱਦਾ ਦਿੱਤਾ।

---------------------------------------------------------------

ਪੰਜਾਬ ਪੁਲਿਸ ਦੇ ਸੂਬਾ ਵਿਸ਼ੇਸ਼ ਆਪ੍ਰੇਸ਼ਨ ਸੈੱਲ ਅੰਮ੍ਰਿਤਸਰ ਨੇ ਇੱਕ ਗੈਂਗਸਟਰ ਮਾਡਿਊਲ ਦੇ ਚਾਰ ਮੈਂਬਰਾਂ ਨੂੰ ਗ੍ਰਿਫ਼ਤਾਰ ਕਰਕੇ ਸੂਬੇ ਵਿੱਚ ਸੰਭਾਵੀ ਨਿਸ਼ਾਨਾ ਮਿੱਥ ਕੇ ਕਤਲ ਕਿਲਿੰਗ ਦੀ ਕੋਸ਼ਿਸ਼ ਨੂੰ ਨਾਕਾਮ ਕਰ ਦਿੱਤਾ ਏ । ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਦਸਿਆ ਕਿ ਗ੍ਰਿਫ਼ਤਾਰ ਮੁਲਜ਼ਮਾਂ ਦੀ ਪਛਾਣ ਤਰਨਤਾਰਨ ਦੇ ਜਗਪ੍ਰੀਤ ਸਿੰਘ ਉਰਫ਼ ਜੱਗਾ ਅਤੇ ਮੁਹੰਮਦ ਸਿੰਘ , ਅੰਮ੍ਰਿਤਸਰ ਦੇ ਲਵਿਸ਼ ਨਾਹਰ ਅਤੇ ਅਮਰਬੀਰ ਸਿੰਘ ਵਜੋਂ ਹੋਈ ਏ । ਪੁਲਿਸ ਨੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਦੋ ਆਧੁਨਿਕ ਹਥਿਆਰ ਬਰਾਮਦ ਕੀਤੇ ਨੇ । ਮੁੱਢਲੀ ਜਾਂਚ ਤੋਂ ਪਤਾ ਲੱਗਾ ਏ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਪੁਰਤਗਾਲ ਵਿੱਚ ਸਥਿਤ ਇੱਕ ਲੋੜੀਂਦੇ ਗੈਂਗਸਟਰ ਦੇ ਸੰਪਰਕ ਵਿੱਚ ਸਨ ਅਤੇ ਉਸ ਦੇ ਨਿਰਦੇਸ਼ਾਂ 'ਤੇ ਕੰਮ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਇਸ ਮਾਮਲੇ ਵਿੱਚ ਵਿਦੇਸ਼ੀ ਹੈਂਡਲਰ ਨੇ ਬਰਾਮਦ ਕੀਤੇ ਗਏ ਹਥਿਆਰਾਂ ਦੀ ਡਿਲਿਵਰੀ ਦਾ ਪ੍ਰਬੰਧ

ਕੀਤਾ ਸੀ। ਜਾਂਚ ਤੋਂ ਇਹ ਵੀ ਪਤਾ ਲੱਗਾ ਏ ਕਿ ਮੁਲਜ਼ਮਾਂ ਨੇ ਬਟਾਲਾ ਅਤੇ ਅੰਮ੍ਰਿਤਸਰ ਵਿੱਚ ਕੁਝ ਵਿਅਕਤੀਆਂ ਦੀ ਰੇਕੀ ਕੀਤੀ ਸੀ ਅਤੇ ਇਨ੍ਹਾਂ ਆਧੁਨਿਕ ਹਥਿਆਰਾਂ ਦੀ ਵਰਤੋਂ ਕਰਕੇ ਉਨ੍ਹਾਂ ਨੂੰ ਕਤਲ ਕਰਨ ਦੀ ਯੋਜਨਾ ਬਣਾ ਰਹੇ ਸਨ। ਗਿਰੋਹ ਦੀਆਂ ਗਤੀਵਿਧੀਆਂ ਨਾਲ ਸਬੰਧਤ ਅਗਲੇਰੀ ਜਾਂਚ ਕੀਤੀ ਜਾ ਰਹੀ ਏ । ਓਧਰ ਸੀਮਾ ਸੁਰੱਖਿਆ ਬਲ ਦੇ ਚੌਕਸ ਜਵਾਨਾਂ ਨੇ ਅੰਮ੍ਰਿਤਸਰ ਅਤੇ ਫਾਜ਼ਿਲਕਾ ਸਰਹੱਦ 'ਤੇ ਇੱਕ ਤਸਕਰ ਨੂੰ ਗ੍ਰਿਫ਼ਤਾਰ ਕਰ ਕੇ ਹਥਿਆਰ, ਅਫੀਮ ਅਤੇ ਹੈਰੋਇਨ ਜ਼ਬਤ ਕੀਤੀ ਏ। ਇਕ ਖੁਫੀਆ ਜਾਣਕਾਰੀ 'ਤੇ ਕਾਰਵਾਈ ਕਰਦੇ ਹੋਏ ਬੀ.ਐਸ.ਐਫ. ਨੇ ਸੀ.ਆਈ.ਏ. ਫਾਜ਼ਿਲਕਾ ਨਾਲ ਇੱਕ ਬੀਤੀ ਰਾਤ ਫਾਜ਼ਿਲਕਾ ਦੇ ਪਿੰਡ ਟਾਹਲੀਵਾਲਾ ਨੇੜੇ ਇਕ ਸਾਂਝੇ ਆਪ੍ਰੇਸ਼ਨ ਦੌਰਾਨ ਇਕ ਤਸਕਰ ਨੂੰ ਕਾਬੂ ਕੀਤਾ ਏ। ਤਸਕਰ ਦੇ ਕਬਜ਼ੇ ਵਿੱਚੋਂ ਇਕ ਕਿਲੋ ਅਫੀਮ, 300 ਗ੍ਰਾਮ ਹੈਰੋਇਨ ਅਤੇ 02 ਮੈਗਜ਼ੀਨ ਬਰਾਮਦ ਕੀਤੇ ਗਏ ਨੇ। ਇੱਕ ਹੋਰ ਕਾਰਵਾਈ ਵਿਚ ਬੀ.ਐਸ.ਐਫ. ਦੇ ਜਵਾਨਾਂ ਨੇ ਅੰਮ੍ਰਿਤਸਰ ਦੇ ਪਿੰਡ ਕਲਸੀਆਂ ਨੇੜੇ ਤਲਾਸ਼ੀ ਮੁਹਿੰਮ ਦੌਰਾਨ ਇੱਕ ਖੇਤ ਵਿਚੋ ਇਕ ਪਿਸਤੌਲ ਅਤੇ ਇਕ ਖਾਲੀ ਮੈਗਜ਼ੀਨ ਬਰਾਮਦ ਕੀਤਾ ਏ।

ਇੱਕ ਵੱਖਰੇ ਸਰਚ ਆਪ੍ਰੇਸ਼ਨ ਵਿੱਚ, ਬੀਐਸਐਫ ਨੇ ਅੰਮ੍ਰਿਤਸਰ ਦੇ ਪਿੰਡ ਰਣੀਆਂ ਨੇੜੇ ਇੱਕ ਖੇਤ ਵਿੱਚੋਂ 569 ਗ੍ਰਾਮ ਹੈਰੋਇਨ ਅਤੇ 02 ਮੋਬਾਈਲ ਫੋਨ ਬਰਾਮਦ ਕੀਤੇ ਨੇ।

---------------------------------------------------------------

ਓਧਰ ਮੁਹਾਲੀ ਪੁਲੀਸ ਦੇ CIA ਵਿੰਗ ਨੇ ਪਿੰਡ ਭੁੱਖੜੀ ਦੇ ਜੰਗਲ ਵਿੱਚ ਬੀਤੇ ਦਿਨੀਂ ਲੱਕੀ ਪਟਿਆਲ ਗੈਂਗ ਨਾਲ ਸੰਬੰਧਿਤ ਗੈਂਗਸਟਰ ਅਤੇ ਮੁਹਾਲੀ ਦੇ ਹੋਟਲ ਮਾਲਕ ਦੇ ਘਰ ਤੇ ਕਥਿਤ ਗੋਲੀਬਾਰੀ ਕਰਨ ਵਾਲੇ ਲੋੜੀਂਦੇ ਅਪਰਾਧੀ ਰਣਬੀਰ ਦਾ ਐਨਕਾਉਂਟਰ ਕਰਕੇ ਇਕ ਪਿਸਤੌਲ ਸਮੇਤ ਗ੍ਰਿਫਤਾਰ ਕੀਤਾ ਏ । ਐਸ.ਐਸ.ਪੀ ਹਰਮਨਦੀਪ ਹਾਂਸ ਨੇ ਦਸਿਆ ਕਿ ਪੁਲਿਸ ਖੁਫੀਆ ਜਾਣਕਾਰੀ ਦੇ ਅਧਾਰ ਤੇ ਇਹ ਕਾਰਵਾਈ ਕੀਤੀ ਏ।

---------------------------------------------------------------

ਗੁਰਦਾਸਪੁਰ ਦੇ ਦੀਨਾਨਗਰ ਸਥਿਤ ਕੁੜੀਆਂ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਤੋਂ ਕਲ ਸਵੇਰੇ 8 ਵਜੇ ਲੋਹ ਪੁਰਸ਼ ਸਰਦਾਰ ਵਲੱਭ

ਭਾਈ ਪਟੇਲ ਦੀ 150ਵੀਂ ਜਯੰਤੀ ਨੂੰ ਸਮਰਪਿਤ ਇਕ ਪੈਦਲ ਮਾਰਚ ਕੀਤਾ ਜਾਵੇਗਾ ।

-----------------------------------------------------------

ਜੂਨੀਅਰ ਤੇ ਸੀਨੀਅਰ ਪੰਜਾਬ ਬੈਡਮਿੰਟਨ ਚੈਂਪੀਅਨਸ਼ਿਪ ਦੀ ਸ਼ੁਰੂਆਤ ਅੱਜ ਜਲੰਧਰ ਸਥਿਤ ਰਾਇਜ਼ਾਦਾ ਹੰਸਰਾਜ ਬੈਡਮਿੰਟਨ ਸਟੇਡਿਅਮ 'ਚ ਹੋਈ। ਇਸ ਟੂਰਨਾਮੈਂਟ 'ਚ ਪੰਜਾਬ ਦੇ 23 ਜ਼ਿਲ੍ਹਿਆਂ ਤੋਂ ਵੱਧ ਕੇ 350 ਖਿਡਾਰੀ ਹਿੱਸਾ ਲੈ ਰਹੇ ਨੇ । ਇਸ ਚੈਂਪੀਅਨਸ਼ਿਪ ਦਾ ਉਦਘਾਟਨ ਜੋਇੰਟ ਕਮਿਸ਼ਨਰ ਆਫ਼ ਪੁਲਿਸ, ਸੰਦੀਪ ਸ਼ਰਮਾ ਨੇ ਕੀਤਾ। ਉਹਨਾਂ ਨੇ ਕਿਹਾ ਕਿ ਖੇਡਾਂ ਨੌਜਵਾਨਾਂ ਦੇ ਚਰਿੱਤਰ ਨਿਰਮਾਣ 'ਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ। ਉਹਨਾਂ ਕਿਹਾ, "ਖੇਡਾਂ ਸਰੀਰ ਨੂੰ ਤੰਦਰੁਸਤ ਰੱਖਦੀਆਂ ਨੇ ਤੇ ਮਨ ਨੂੰ ਮਜ਼ਬੂਤ ਬਣਾਉਂਦੀਆਂ ਹਨ। ਇਹ ਅਨੁਸ਼ਾਸਨ, ਟੀਮਵਰਕ ਤੇ ਵਿਸ਼ਵਾਸ ਪੈਦਾ ਕਰਦੀਆਂ ਹਨ ਅਤੇ ਤਣਾਅ ਘਟਾਉਂਦੀਆਂ ਹਨ। ਪੰਜਾਬ ਬੈਡਮਿੰਟਨ ਐਸੋਸੀਏਸ਼ਨ ਦੇ ਆਨਰੇਰੀ ਸਕੱਤਰ ਰਿਤਿਨ ਖੰਨਾ ਨੇ ਦੱਸਿਆ ਕਿ ਇਹ ਚਾਰ ਦਿਨਾਂ ਦੀ ਚੈਂਪੀਅਨਸ਼ਿਪ 13 ਨਵੰਬਰ ਨੂੰ ਖਤਮ ਹੋਵੇਗੀ । ਉਹਨਾਂ ਕਿਹਾ ਕਿ

ਖਿਡਾਰੀ ਸਿੰਗਲਜ਼, ਡਬਲਜ਼ ਤੇ ਮਿਕਸਡ ਡਬਲਜ਼ ਸ਼੍ਰੇਣੀਆਂ ’ਚ ਖੇਡਣਗੇ। ਜਿੱਤਣ ਵਾਲੇ ਖਿਡਾਰੀ ਇਟਾਨਗਰ ਤੇ ਵਿਜਯਵਾੜਾ ’ਚ ਹੋਣ ਵਾਲੀਆਂ ਨੇਸ਼ਨਲ ਚੈਂਪੀਅਨਸ਼ਿਪਾਂ ’ਚ ਪੰਜਾਬ ਦੀ ਨੁਮਾਇੰਦਗੀ ਕਰਨਗੇ।

----------------------------------------------------

- ਕੇਂਦਰੀ ਗ੍ਰਹਿ ਅਤੇ ਸਹਿਕਾਰਤਾ ਮੰਤਰੀ ਅਮਿਤ ਸ਼ਾਹ ਨੇ ਕਿਹਾ -ਸ਼ਹਿਰੀ ਸਹਿਕਾਰੀ ਬੈਂਕਾਂ ਨੂੰ ਨੌਜਵਾਨਾਂ ਅਤੇ ਸਮਾਜ ਦੇ ਪਛੜੇ ਵਰਗਾਂ ਨੂੰ ਸਮਰੱਥ ਬਣਾਉਣ ਲਈ ਅੱਗੇ ਆਉਣਾ ਚਾਹੀਦਾ ਏ।
- ਤਰਨਤਾਰਨ ਵਿਧਾਨ ਸਭਾ ਹਲਕੇ ਦੀ ਜ਼ਿਮਨੀ ਚੋਣ ਲਈ ਭਲਕੇ ਹੋਣ ਵਾਲੀ ਵੋਟਿੰਗ ਵਾਸਤੇ ਸਾਰੇ ਪ੍ਰਬੰਧ ਮੁਕੰਮਲ।
- ਪੰਜਾਬ ਸਰਕਾਰ ਨੇ ਬਿਜਲੀ ਕੁਨੈਕਸ਼ਨਾਂ ਸਬੰਧੀ ਪ੍ਰਕਿਰਿਆ ਨੂੰ ਬਣਾਇਆ ਸਰਲ-50 ਕਿਲੋਵਾਟ ਤੱਕ ਦੇ ਲੋਡ ਵਾਲੇ ਖਪਤਕਾਰਾਂ ਲਈ ਸਵੈ-ਪ੍ਰਮਾਣੀਕਰਨ ਦੀ ਕੀਤੀ ਸ਼ੁਰੂਆਤ।
- ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਵੱਖ-ਵੱਖ ਸਮਾਗਮਾਂ ਦੇ ਹਿੱਸੇ ਵਜੋਂ ਕੱਲ

ਅੰਮ੍ਰਿਤਸਰ, ਫਿਰੋਜ਼ਪੁਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਅਤੇ ਸੰਗਰੂਰ ਵਿਖੇ ਲਾਈਟ ਐਂਡ ਸਾਊਂਡ ਸ਼ੋਅ ਕਰਵਾਏ ਜਾਣਗੇ ।

ਜਲੰਧਰ ’ਚ ਜੂਨੀਅਰ ਤੇ ਸੀਨੀਅਰ ਪੰਜਾਬ ਬੈਡਮਿੰਟਨ ਚੈਂਪੀਅਨਸ਼ਿਪ ਦੀ ਸ਼ੁਰੂਆਤ ।

------------------------------------------------------------

**ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**